# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 19-11-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਆਂਧਰਾ ਪ੍ਰਦੇਸ਼ ਅਤੇ ਤਾਮਿਲਨਾਡੂ ਦਾ ਦੌਰਾ ਕਰ ਰਹੇ ਨੇ। ਸ੍ਰੀ ਮੋਦੀ, ਆਂਧਰਾ ਪ੍ਰਦੇਸ਼ ਦੇ ਪੁੱਟਪਾਰਥੀ ਵਿਚ ਸ੍ਰੀ ਸੱਤਿਆ ਸਾਈਂ ਬਾਬਾ ਮੰਦਿਰ ਤੇ ਮਹਾਸਮਾਧੀ ਸਥਲ ਵਿਚ ਪ੍ਰਾਰਥਨਾ ਕਰਨਗੇ। ਪ੍ਰਧਾਨ ਮੰਤਰੀ ਇਸ ਮੌਕੇ ਸ੍ਰੀ ਸੱਤਿਆ ਸਾਈਂ ਬਾਬਾ ਦੇ ਜੀਵਨ, ਸਿੱਖਿਆਵਾਂ ਤੇ ਵਿਰਾਸਤ ਨੂੰ ਸਮਰਪਿਤ ਯਾਦਗਾਰੀ ਸਿੱਕਾ ਤੇ ਡਾਕ ਟਿਕਟ ਜਾਰੀ ਕਰਨਗੇ। ਇਸ ਤੋਂ ਇਲਾਵਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਕੋਇੰਬਟੂਰ ਵਿਚ ਦੱਖਣੀ ਭਾਰਤ ਕੁਦਰਤੀ ਖੇਤੀ ਸੰਮੇਲਨ ਦਾ ਉਦਘਾਟਨ ਕਰਨਗੇ। ਇਸ ਸੰਮੇਲਨ ਵਿਚ ਪੰਜ ਹਜ਼ਾਰ ਕਿਸਾਨਾਂ ਦੇ ਸ਼ਾਮਲ ਹੋਣ ਦੀ ਉਮੀਦ ਏ। ਸ੍ਰੀ ਮੋਦੀ 9 ਕਰੋੜ ਕਿਸਾਨਾਂ ਲਈ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੀ 21ਵੀਂ ਕਿਸ਼ਤ, ਜਿਸ ਦੀ ਕਮ 18,000 ਕਰੋੜ ਰੁਪਏ ਏ, ਵੀ ਜਾਰੀ ਕਰਨਗੇ। ਇਹ 3 ਦਿਨਾਂ

ਖੇਤੀਬਾੜੀ ਸੰਮੇਲਨ 21 ਨਵੰਬਰ ਨੂੰ ਸਮਾਪਤ ਹੋਵੇਗਾ।

ਪੰਜਾਬ ਰਾਜ ਅਨੁਸੂਚਿਤ ਜਾਤਾਂ ਕਮਿਸ਼ਨ ਨੇ ਤੇਜ਼ ਸੁਣਵਾਈ, ਮਾਮਲਿਆਂ ਦੇ ਵੇਲੇ ਸਿਰ ਨਿਪਟਾਰੇ ਤੇ ਕਮਿਸ਼ਨ ਦੇ ਕੰਮ-ਕਾਜ ਵਿਚ ਮੁਹਾਰਤ ਯਕੀਨੀ ਬਣਾਉਣ ਲਈ ਵੱਖਰਾ ਕੋਰਟ ਰੂਮ ਖੋਲ੍ਹਿਆ ਏ। ਦੱਸਿਆ ਗਿਆ ਏ ਕਿ ਕਿਸੇ ਵੀ ਸੂਬੇ ਦੇ ਅਨੁਸੂਚਿਤ ਜਾਤਾਂ ਕਮਿਸ਼ਨ ਵੱਲੋਂ ਦੇਸ਼ ਵਿਚ ਕੀਤੀ ਗਈ ਇਹ ਆਪਣੀ ਕਿਸਮ ਦੀ ਨਵੀਂ ਪਹਿਲ ਏ। ਇਸੇ ਤਰ੍ਹਾਂ ਆਧੁਨਿਕ ਸਹੂਲਤਾਂ ਵਾਲਾ ਆਨਲਾਈਨ ਅਦਾਲਤੀ ਸਿਸਟਮ ਜਲਦੀ ਸ਼ੁਰੂ ਕੀਤਾ ਜਾਵੇਗਾ ਤਾਂ ਜੋ ਸ਼ਿਕਾਇਤਕਰਤਾ ਵਰਚੁਅਲ ਤੌਰ 'ਤੇ ਪੇਸ਼ ਹੋ ਸਕਣ ਅਤੇ ਉਨ੍ਹਾਂ ਦਾ ਸਮਾਂ ਤੇ ਸਫ਼ਰ ਦਾ ਖ਼ਰਚਾ ਬਚ ਸਕੇ। ਕਮਿਸ਼ਨ ਦੇ ਚੇਅਰਮੈਨ, ਜਸਵੀਰ ਸਿੰਘ ਗੜ੍ਹੀ ਨੇ ਕਿਹਾ ਏ ਕਿ ਨਵਾਂ ਕੋਰਟ ਰੂਮ ਲੋਕਾਂ ਨੂੰ ਵੇਲੇ ਸਿਰ ਇਨਸਾਫ਼ ਮੁਹੱਈਆ ਕਰਵਾਉਣ ਵਿਚ ਅਹਿਮ ਭੂਮਿਕਾ ਨਿਭਾਏਗਾ। ਇਹ ਪਹਿਲ, ਅਨੁਸੂਚਿਤ ਜਾਤੀ ਭਾਈਚਾਰੇ ਦੇ ਹੱਕਾਂ ਤੇ ਮਾਣ ਦੀ ਰਾਖੀ ਦੇ ਸਿਧਾਂਤਾਂ ਨੂੰ ਕਾਇਮ ਰੱਖਣ ਲਈ ਕੀਤੀ ਗਈ ਏ।

---

ਕਪੂਰਥਲਾ ਪੁਲਿਸ ਨੇ ਦੋ ਮੁਲਜ਼ਮਾਂ ਨੂੰ 9 ਦੇਸੀ ਪਿਸਤੌਲਾਂ ਨਾਲ ਗ੍ਰਿਫਤਾਰ ਕਰ ਕੇ ਇਕ ਅਪਰਾਧੀ ਗਿਰੋਹ ਨੂੰ ਬੇਨਕਾਬ ਕੀਤਾ ਏ। ਪੁਲਿਸ ਸੂਤਰਾਂ ਅਨੁਸਾਰ ਇਹ ਗਿਰੋਹ ਸੁਲਤਾਨਪੁਰ ਲੋਧੀ ਇਲਾਕੇ ਵਿਚ ਸਰਗਰਮ ਸੀ। ਮੁਲਜ਼ਮ ਅਮਨਦੀਪ ਨੂੰ ਗ੍ਰਿਫਤਾਰ ਕਰ ਕੇ ਉਸ ਕੋਲੋਂ 7 ਪਿਸਤੌਲਾਂ ਤੇ ਉਸ ਦੇ ਸਾਥੀ ਵਪ੍ਰੀਤ ਕੋਲੋਂ 2 ਪਿਸਤੌਲਾਂ ਤੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ। ਦੱਸਿਆ ਗਿਆ ਏ ਕਿ ਮੁਲਜ਼ਮ ਅਮਨਦੀਪ ਸਥਾਨਕ ਗਿਰੋਹਾਂ ਨੂੰ ਹਥਿਆਰ ਸਪਲਾਈ ਕਰਦਾ ਸੀ। ਇਸ ਗੈਰ-ਕਾਨੂੰਨੀ ਹਥਿਆਰ ਸਪਲਾਈ ਗਿਰੋਹ ਨਾਲ ਜੁੜੇ ਹੋਰ ਮੁਲਜ਼ਮ ਫੜਨ ਲਈ ਅਗਲੇਰੀ ਜਾਂਚ ਜਾਰੀ ਏ। ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੀ ਸ਼ਹਾਦਤ ਦੇ 350ਵੇਂ ਵਰ੍ਹੇ ਸਬੰਧੀ ਸਮਾਗਮਾਂ ਦੇ ਸੁਰੱਖਿਅਤ ਪ੍ਰਬੰਧਾਂ ਲਈ ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਕੱਲ੍ਹ ਸ੍ਰੀ ਅਨੰਦਪੁਰ ਸਾਹਿਬ ਵਿਚ ਸੁਰੱਖਿਆ, ਸਹੂਲਤਾਂ ਤੇ ਟ੍ਰੈਫਿਕ ਪ੍ਰਬੰਧਾਂ ਦਾ ਜਾਇਜ਼ਾ ਲਿਆ। ਡੀ.ਜੀ.ਪੀ. ਯਾਦਵ ਨੇ ਦੱਸਿਆ ਕਿ 23 ਤੋਂ 25 ਨਵੰਬਰ ਤੱਕ ਅਨੰਦਪੁਰ ਸਾਹਿਬ ਵਿਚ ਸਮਾਗਮਾਂ ਵਿਚ ਲੱਖਾਂ ਸ਼ਰਧਾਲੂਆਂ ਦੇ ਪਹੁੰਚਣ ਦੀ ਉਮੀਦ ਏ। ਇਸ ਲਈ ਸੀਨੀਅਰ ਅਫ਼ਸਰਾਂ ਦੀ ਨਿਗਰਾਨੀ ਹੇਠ 8,000 ਤੋਂ ਵੱਧ ਪੁਲਿਸ ਮੁਲਾਜ਼ਮ ਤਾਇਨਾਤ ਕੀਤੇ ਗਏ ਏ। ਸ਼ਹਿਰ

ਦੇ ਪ੍ਰਵੇਸ਼ ਅਤੇ ਨਿਕਾਸ ਸਥਾਨਾਂ ’ਤੇ ਚਿਹਰੇ ਦੀ ਪਛਾਣ ਵਾਲੇ ਕੈਮਰਿਆਂ ਦੇ ਨਾਲ ਡ੍ਰੋਨ ਨਿਗਰਾਨੀ ਦੇ ਇੰਤਜ਼ਾਮ ਕੀਤੇ ਗਏ ਨੇ, ਇਸ ਲਈ ਉੱਚ-ਤਕਨੀਕੀ ਕੰਟਰੋਲ ਰੂਮ ਸਥਾਪਤ ਕੀਤਾ ਜਾ ਰਿਹਾ ਏ। ਡੀ.ਜੀ.ਪੀ. ਨੇ ਕਿਹਾ ਕਿ ਪੂਰੇ ਇਲਾਕੇ ਨੂੰ 25 ਸੈਕਟਰਾਂ ਵਿਚ ਵੰਡਿਆ ਗਿਆ ਏ ਅਤੇ ਹਰੇਕ ਸੈਕਟਰ ਦਾ ਆਪਣਾ ਸਬ-ਕੰਟਰੋਲ ਰੂਮ ਤੇ ਹੈਲਪ ਡੈਸਕ ਹੋਵੇਗਾ।

---

ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਕੱਲ੍ਹ ਹੁਸ਼ਿਆਰਪੁਰ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮਹੱਤਵਪੂਰਨ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦਾ ਉਦੇਸ਼ ਸਰਕਾਰ ਦੀਆਂ ਖੁਰਾਕ, ਪੋਸ਼ਣ ਅਤੇ ਸਮਾਜ ਭਲਾਈ ਯੋਜਨਾਵਾਂ ਲਾਗੂ ਕਰਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਸੀ। ਮੀਟਿੰਗ ਵਿਚ ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦੇ ਚੇਅਰਮੈਨ ਸ਼ਰਮਾ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਮਿਡ-ਡੇਅ-ਮੀਲ ਦੀ ਗੁਣਵੱਤਾ ਵਿਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਾ ਹੋਣ ਦਿੱਤੀ ਜਾਵੇ। ਬੱਚਿਆਂ ਨੂੰ ਪੌਸ਼ਟਿਕ ਤੇ ਸਾਫ਼-ਸੁਥਰੀ ਖੁਰਾਕ ਮਿਲਣਾ ਯਕੀਨੀ ਬਣਾਉਣ ਲਈ ਅਨਾਜ ਦੀ ਉਪਲਬਧਤਾ, ਸਟੋਰੇਜ ਅਤੇ ਵੰਡ ਦੀ ਨਿਯਮਤ ਨਿਗਰਾਨੀ ਕੀਤੀ ਜਾਵੇ। ਉਨ੍ਹਾਂ ਨੇ ਜੰਗਲਾਤ ਵਿਭਾਗ ਅਤੇ

ਬਾਗਬਾਨੀ ਵਿਭਾਗ ਨੂੰ ਸਕੂਲਾਂ ਵਿਚ ਫਲ ਤੇ ਔਸ਼ਧੀ ਗੁਣਾਂ ਵਾਲੇ ਬੂਟੇ ਲਗਾਉਣ ਲਈ ਵਿਭਾਗ ਨਾਲ ਸਹਿਯੋਗ ਕਰਨ ਦੀ ਹਦਾਇਤ ਕੀਤੀ। ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਏ ਕਿ ਵਿੱਤ ਵਿਭਾਗ ਨੇ ਪਸ਼ੂ ਪਾਲਣ ਵਿਭਾਗ ਵਿਚ 345 ਵੈਟਰਨਰੀ ਇੰਸਪੈਕਟਰਾਂ ਦੀ ਪੜਾਅਵਾਰ ਭਰਤੀ ਸਬੰਧੀ ਤਜਵੀਜ਼ ਨੂੰ ਮਨਜ਼ੂਰੀ ਦੇ ਦਿੱਤੀ ਏ। ਵਿੱਤ ਮੰਤਰੀ ਚੀਮਾ ਨੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵਿਚ ਇਸ ਸਮੇਂ ਵੈਟਰਨਰੀ ਇੰਸਪੈਕਟਰਾਂ ਲਈ ਕੁੱਲ 2010 ਪ੍ਰਵਾਨਤ ਅਸਾਮੀਆਂ ਨੇ ਅਤੇ ਇਨ੍ਹਾਂ ਅਸਾਮੀਆਂ ਵਿੱਚੋਂ 345 ਅਸਾਮੀਆਂ ਇਸ ਵੇਲੇ ਖਾਲੀ ਨੇ ਅਤੇ 1665 ਵੈਟਰਨਰੀ ਇੰਸਪੈਕਟਰ ਕੰਮ ਕਰ ਰਹੇ ਨੇ। ਉਨ੍ਹਾਂ ਕਿਹਾ ਕਿ ਵਿੱਤ ਵਿਭਾਗ ਨੇ 345 ਖਾਲੀ ਅਸਾਮੀਆਂ ਨੂੰ ਪੜਾਅਵਾਰ ਢੰਗ ਨਾਲ ਭਰਨ ਦੀ ਪ੍ਰਵਾਨਗੀ ਦੇ ਦਿੱਤੀ ਏ, ਜਿਸ ਵਿੱਚੋਂ 150 ਅਸਾਮੀਆਂ ਪਹਿਲੇ ਪੜਾਅ ਵਿਚ ਚਾਲੂ ਵਿੱਤੀ ਸਾਲ 2025-26 ਦੌਰਾਨ ਭਰੀਆਂ ਜਾਣਗੀਆਂ ਅਤੇ ਬਾਕੀ ਰਹਿੰਦੀਆਂ 195 ਅਸਾਮੀਆਂ, ਅਗਲੇ ਵਿੱਤੀ ਸਾਲ 2026-27 ਦੌਰਾਨ ਦੂਜੇ ਪੜਾਅ ਵਿਚ ਭਰੀਆਂ ਜਾਣਗੀਆਂ।

---------------------------------------------------------------------

**ਇਸ ਦੇ ਨਾਲ ਹੀ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ**

**ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋ ਗੇ 1.40 ਮਿੰਟ --**